# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 13-03-2026**

ਕੇਂਦਰ ਸਰਕਾਰ ਦੇ ਨਿਰਦੇਸ਼ਾਂ ਤੋਂ ਬਾਅਦ, ਸਪਲਾਈ ਵਿਭਾਗ ਨੇ ਖਪਤਕਾਰਾਂ ਨੂੰ ਐਲਪੀਜੀ, ਪੈਟਰੋਲ ਅਤੇ ਡੀਜ਼ਲ ਦੀ ਵਰਤੋਂ ਸਮਝਦਾਰੀ ਨਾਲ ਕਰਨ ਦੀ ਅਪੀਲ ਕੀਤੀ ਏ । ਵਿਭਾਗ ਨੇ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਦੇ ਇੱਕ ਨੋਟੀਫਿਕੇਸ਼ਨ ਦਾ ਹਵਾਲਾ ਦਿੱਤਾ ਜਿਸ ਵਿੱਚ ਕਿਹਾ ਗਿਆ ਏ  ਕਿ ਦੇਸ਼ ਵਿੱਚ ਐਲਪੀਜੀ, ਪੈਟਰੋਲ ਅਤੇ ਡੀਜ਼ਲ ਦੇ ਕਾਫ਼ੀ ਭੰਡਾਰ ਨੇ । ਹਾਲਾਂਕਿ, ਮੰਤਰਾਲੇ ਨੇ ਇਹ ਵੀ ਜ਼ਿਕਰ ਕੀਤਾ ਕਿ ਮੱਧ ਪੂਰਬ ਵਿੱਚ ਚੱਲ ਰਹੇ ਟਕਰਾਅ ਕਾਰਨ ਸਥਿਤੀ ਅਸਥਿਰ ਬਣੀ ਹੋਈ ਏ । ਇਸ ਅਨਿਸ਼ਚਿਤਤਾ ਨੂੰ ਦੇਖਦੇ ਹੋਏ, ਸਪਲਾਈ ਵਿਭਾਗ ਨੇ ਲੋਕਾਂ  ਨੂੰ ਇਨ੍ਹਾਂ ਉਤਪਾਦਾਂ ਦੀ ਵਰਤੋਂ ਸਮਝਦਾਰੀ ਨਾਲ ਕਰਨ ਦੀ ਸਲਾਹ ਦਿੱਤੀ ਏ ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਖਾੜੀ ਦੇਸ਼ਾਂ ਵਿੱਚ ਚੱਲ ਰਹੀ ਜੰਗ ਨਾਲ ਸਬੰਧਤ ਚਿੰਤਾਵਾਂ ਅਤੇ ਐਲਪੀਜੀ ਸਿਲੰਡਰਾਂ ਦੀ

ਸੰਭਾਵਿਤ ਕਮੀ ਬਾਰੇ ਫੈਲ ਰਹੀਆਂ ਅਫਵਾਹਾਂ ਦੇ ਮੱਦੇਨਜ਼ਰ ਕਿਹਾ ਕਿ ਪੰਜਾਬ ਸਰਕਾਰ ਪੂਰੀ ਤਰ੍ਹਾਂ ਸੁਚੇਤ ਏ ਅਤੇ ਸਥਿਤੀ 'ਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਏ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਲੋਕਾਂ ਨੂੰ ਜ਼ਰੂਰੀ ਵਸਤਾਂ ਤੱਕ ਪਹੁੰਚ ਸਬੰਧੀ ਕਿਸੇ ਵੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਮੁੱਖ ਮੰਤਰੀ ਨੇ ਸਪੱਸ਼ਟ ਕੀਤਾ ਕਿ ਸਰਕਾਰ ਕਿਸੇ ਵੀ ਹਾਲਤ ਵਿੱਚ ਤਣਾਅ ਪੈਦਾ ਕਰਨ, ਜਮ੍ਹਾਂਖੋਰੀ ਜਾਂ ਖਪਤਕਾਰਾਂ ਦੇ ਸ਼ੋਸ਼ਣ ਦੀ ਇਜਾਜ਼ਤ ਨਹੀਂ ਦੇਵੇਗੀ। ਮੁੱਖ ਮੰਤਰੀ  ਨੇ ਕਿਹਾ ਕਿ ਖਾੜੀ ਦੇਸ਼ਾਂ ਵਿੱਚ ਤਣਾਅ ਕਾਰਨ ਦੇਸ਼ ਭਰ ਵਿੱਚ ਐਲਪੀਜੀ ਦੀ ਸੰਭਾਵਿਤ ਘਾਟ ਬਾਰੇ ਅਫਵਾਹਾਂ ਤੇਜ਼ੀ ਨਾਲ ਫੈਲ ਰਹੀਆਂ ਹਨ, ਜਿਸ ਨਾਲ ਲੋਕਾਂ ਵਿੱਚ ਬੇਲੋੜਾ ਤਣਾਅ ਪੈਦਾ ਹੋ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਨੇ ਕਿ ਲੋਕਾਂ ਲਈ ਜ਼ਰੂਰੀ ਵਸਤਾਂ ਦੀ ਕੋਈ ਕਮੀ ਨਾ ਆਵੇ ਅਤੇ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਜ਼ਰੂਰੀ ਵਸਤਾਂ ਦੀ ਸਪਲਾਈ ਵਿੱਚ ਹੇਰਾਫੇਰੀ ਕਰਨ ਜਾਂ ਤਣਾਅ ਪੈਦਾ ਕਰਨ ਦੀ ਕੋਸ਼ਿਸ਼ ਕਰਨ ਵਾਲੇ ਵਿਅਕਤੀਆਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ।

---------------------------------------------------------

ਭਾਰਤੀ ਖੁਰਾਕ ਸੁਰੱਖਿਆ ਅਤੇ ਮਿਆਰ ਅਥਾਰਟੀ (FSSAI) ਨੇ ਇੱਕ

ਸਲਾਹ 'ਚ ਕਿਹਾ ਕਿ ਡੇਅਰੀ ਉਤਪਾਦਕਾਂ ਅਤੇ ਵਿਕਰੇਤਾਵਾਂ ਨੂੰ ਆਪਣਾ ਭੋਜਨ ਕਾਰੋਬਾਰ ਸ਼ੁਰੂ ਕਰਨ ਤੋਂ ਪਹਿਲਾਂ ਲਾਜ਼ਮੀ ਤੌਰ 'ਤੇ ਰਜਿਸਟਰ ਕਰਨਾ ਚਾਹੀਦਾ ਏ । ਇਹ ਨਿਰਦੇਸ਼ ਉਨ੍ਹਾਂ ਲੋਕਾਂ 'ਤੇ ਲਾਗੂ ਹੁੰਦਾ ਜੋ ਡੇਅਰੀ ਸਹਿਕਾਰੀ ਸਭਾਵਾਂ ਦੇ ਮੈਂਬਰ ਨਹੀਂ ਹਨ। ਸਲਾਹ ਵਿੱਚ ਕਿਹਾ ਗਿਆ ਕਿ ਕੁਝ ਡੇਅਰੀ ਉਤਪਾਦਕ ਅਤੇ ਵਿਕਰੇਤਾ ਰਜਿਸਟ੍ਰੇਸ਼ਨ ਜਾਂ ਭੋਜਨ ਕਾਰੋਬਾਰੀ ਲਈ ਲਾਇਸੈਂਸ ਤੋਂ ਬਿਨਾਂ ਕੰਮ ਕਰ ਰਹੇ ਨੇ । FSSAI ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਇਹ ਵੀ ਨਿਰਦੇਸ਼ ਦਿੱਤਾ ਏ ਕਿ ਉਹ ਇਹ ਯਕੀਨੀ ਬਣਾਉਣ ਲਈ ਵਿਸ਼ੇਸ਼ ਰਜਿਸਟ੍ਰੇਸ਼ਨ ਮੁਹਿੰਮ ਚਲਾਉਣ ਕਿ ਸਾਰੇ ਡੇਅਰੀ ਉਤਪਾਦਕਾਂ ਅਤੇ ਵਿਕਰੇਤਾਵਾਂ ਕੋਲ ਲੋੜੀਂਦਾ FSSAI ਰਜਿਸਟ੍ਰੇਸ਼ਨ ਸਰਟੀਫਿਕੇਟ ਜਾਂ ਲਾਇਸੈਂਸ ਹੋਵੇ।

---------------------------------------------------------

ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਮੋਹਾਲੀ ਪਲਾਕਸ਼ਾ ਯੂਨੀਵਰਸਿਟੀ ਵਿਖੇ ਅੱਜ ਤੋਂ 15 ਮਾਰਚ ਤੱਕ ਕਰਵਾਇਆ ਜਾ ਰਿਹਾ ਏ ਜੋ ਪੰਜਾਬ ਨੂੰ ਨਿਵੇਸ਼ ਲਈ ਇੱਕ ਪ੍ਰਮੁੱਖ ਸਥਾਨ ਵਜੋਂ ਸਥਾਪਿਤ ਕਰੇਗਾ। ਕੱਲ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਦਯੋਗ ਅਤੇ ਵਣਜ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਇਹ ਸੰਮੇਲਨ ਭਾਰਤ ਅਤੇ ਵਿਸ਼ਵ ਭਰ ਦੇ ਨਿਵੇਸ਼ਕਾਂ, ਉਦਯੋਗਪਤੀਆਂ ਅਤੇ ਨੀਤੀ ਨਿਰਮਾਤਾਵਾਂ ਨੂੰ ਪੰਜਾਬ ਦੇ ਵਿਆਪਕ ਨਿਵੇਸ਼ ਮੌਕਿਆਂ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ

ਪ੍ਰਮੁੱਖ ਪਲੇਟਫਾਰਮ ਵਜੋਂ ਕੰਮ ਕਰੇਗਾ। ਸ੍ਰੀ ਸੰਜੀਵ ਅਰੋੜਾ ਨੇ ਕਿਹਾ ਕਿ ਇਸ ਸੰਮੇਲਨ ਵਿੱਚ 89 ਸੈਸ਼ਨ ਹੋਣਗੇ ਅਤੇ ਇਹ ਸੂਬੇ ਭਰ ਦੇ ਹੁਣ ਤੱਕ ਦੇ ਸਭ ਤੋਂ ਵਿਆਪਕ ਨਿਵੇਸ਼ ਸਮਾਗਮਾਂ ਵਿੱਚੋਂ ਇੱਕ ਹੋਵੇਗਾ। ਉਨ੍ਹਾਂ ਦੱਸਿਆ ਕਿ ਇਸ ਸੰਮੇਲਨ ਵਿੱਚ ਇੰਗਲੈਂਡ, ਜਾਪਾਨ ਅਤੇ ਦੱਖਣੀ ਕੋਰੀਆ ਦੇਸ਼ਾਂ 'ਤੇ ਕੇਂਦ੍ਰਿਤ ਸੈਸ਼ਨ ਹੋਣਗੇ ਅਤੇ ਇਸ ਦੇ ਨਾਲ ਹੀ ਇੱਕ ਸਮਰਪਿਤ MSME ਸੈਸ਼ਨ ਵੀ ਹੋਵੇਗਾ । ਸੰਮੇਲਨ ਦੌਰਾਨ ਇੱਕ ਉਦਯੋਗਿਕ ਪ੍ਰਦਰਸ਼ਨੀ ਵੀ ਕਰਵਾਈ ਜਾਵੇਗੀ ਜਿੱਥੇ ਪੰਜਾਬ ਦੇ ਉਦਯੋਗਾਂ ਦੇ ਉਤਪਾਦਾਂ ਅਤੇ ਨਵੀਨਤਾਵਾਂ ਨੂੰ ਪ੍ਰਦਰਸ਼ਿਤ ਕੀਤਾ ਜਾਵੇਗਾ ਅਤੇ ਇਸ ਜ਼ਰੀਏ ਸੂਬੇ ਦੀ ਨਿਰਮਾਣ ਸਮਰਥਾ ਅਤੇ ਉੱਦਮੀ ਭਾਵਨਾ ਉਜਾਗਰ ਕੀਤੀ ਜਾਵੇਗੀ। ਇਸ ਸਮਾਗਮ ਦਾ ਸਮਾਪਤੀ ਸਮਾਰੋਹ 15 ਮਾਰਚ ਨੂੰ ਹੋਵੇਗਾ।

---------------------------------------------------------

ਵਿਸ਼ਵ ਗਲੋਕੋਮਾ ਯਾਨੀ ਕਾਲਾ ਮੋਤੀਆ ਹਫ਼ਤਾ 8 ਤੋਂ 14 ਮਾਰਚ ਤੱਕ ਮਨਾਇਆ ਜਾ ਰਿਹਾ ਏ। ਪੰਜਾਬ ਸਿਹਤ ਵਿਭਾਗ ਵਲੋਂ ਇਸ ਹਫ਼ਤੇ ਵਿੱਚ ਜਿਲ੍ਹਾ ਹਸਪਤਾਲਾਂ, ਸਬ ਡਵੀਜਨ ਹਸਪਤਾਲਾਂ ਅਤੇ ਸਰਕਾਰੀ ਮੈਡੀਕਲ ਕਾਲਜਾਂ ਵਿੱਚ ਕਾਲੇ ਮੋਤੀਏ ਦੀ ਜਾਂਚ ਲਈ ਮੁਫ਼ਤ ਚੈੱਕਅਪ ਕੈਂਪ ਲਗਾਏ ਜਾ ਰਹੇ ਨੇ। ਫਰੀਦਕੋਟ ਦੇ ਸਿਵਲ ਸਰਜਨ ਡਾ. ਪਰਵਜੀਤ ਸਿੰਘ ਦੀ ਅਗਵਾਈ ਵਿੱਚ ਕੱਲ ਸਰਕਾਰੀ ਹਸਪਤਾਲ ਜੰਡ

ਸਾਹਿਬ ਮਰੀਜਾਂ ਅਤੇ ਸਟਾਫ਼ ਨੂੰ ਇਸ ਬਰਤੇ ਜਾਗਰੂਕ ਕੀਤਾ ਗਿਆ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਅਰਸ਼ਦੀਪ ਸਿੰਘ ਬਰਾੜ ਨੇ ਦੱਸਿਆ ਗਿਆ ਕਿ ਜੇ ਸਧਾਰਨ ਸਿਰ ਦਰਦ, ਅੱਖਾਂ ਵਿੱਚ ਦਰਦ ,ਅਤੇ ਲਾਲੀ ਦੇ ਲੱਛਣ ਵਿਖਾਈ ਦੇਣ ਤਾ ਡਾਕਟਰ ਨੂੰ ਮਿਲਣਾ ਚਾਹੀਦਾ ਏ। ਪਠਾਨਕੋਟ ਦੇ ਡਾਕਟਰ ਰਮੇਸ਼ ਡੋਗਰਾ ਨੇ ਇਸਤੋਂ ਬਚਾਅ ਤੇ ਸਮੇਂ ਸਰ ਇਲਾਜ ਸਾਵਧਾਨੀ ਬਾਰੇ ਜਾਣਕਾਰੀ ਦਿੰਦਿਆਂ ਦਸਿਆ। BYTES -

---------------------------------------------------------------

74ਵਾਂ ਆਲ ਇੰਡੀਆ ਪੁਲਿਸ ਐਥਲੈਟਿਕਸ ਕਲੱਸਟਰ-2025-26 , ਜਲੰਧਰ ਸਥਿਤ ਪੀਏਪੀ ਹੈੱਡਕੁਆਰਟਰ ਵਿਖੇ 7 ਤੋਂ 12 ਮਾਰਚ ਤੱਕ ਕਰਵਾਇਆ ਗਿਆ । ਸਮਾਪਤੀ ਸਮਾਰੋਹ ਵਿੱਚ ਸੂਬਾ ਹਥਿਆਰਬੰਦ ਪੁਲਿਸ ਦੇ ਐਡੀਸ਼ਨਲ ਡੀਜੀਪੀ ਐਮ.ਐਫ. ਫਾਰੂਕੀ ਮੁੱਖ ਮਹਿਮਾਨ ਅਤੇ ਸੰਯੁਕਤ ਡਾਇਰੈਕਟਰ ਬਿਧੂ ਸ਼ੇਖਰ, ਵਿਸ਼ੇਸ਼ ਮਹਿਮਾਨ ਸਨ। ਸ੍ਰੀ ਫਾਰੂਕੀ ਨੇ ਸਾਰੇ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਮੁੱਖ ਮਹਿਮਾਨ ਨੇ ਜੇਤੂ ਟੀਮਾਂ ਅਤੇ ਖਿਡਾਰੀਆਂ ਨੂੰ ਇਨਾਮ ਵੰਡੇ। ਓਲੰਪੀਅਨ ਤਜਿੰਦਰਪਾਲ ਸਿੰਘ ਤੂਰ ਨੇ ਸ਼ਾਟਪੁਟ ਈਵੈਂਟ ਵਿੱਚ 19.67 ਮੀਟਰ ਦੀ ਥਰੋਅ ਨਾਲ ਪਦਮਸ੍ਰੀ ਨਾਲ ਸਨਮਾਨਿਤ ਅਤੇ ਕਮਾਂਡੈਂਟ ਬਹਾਦੁਰ ਸਿੰਘ ਦਾ 23 ਸਾਲ ਪੁਰਾਣਾ ਰਿਕਾਰਡ ਤੋੜ ਦਿੱਤਾ।

ਇਸ ਈਵੈਂਟ ਨੂੰ ਸਫਲ ਬਣਾਉਣ ਲਈ ਕੀਤੇ ਗਏ ਯਤਨਾਂ ਲਈ ਮੁੱਖ ਮਹਿਮਾਨ ਵੱਲੋਂ ਸਾਰੇ ਪ੍ਰਬੰਧਕੀ ਕਮੇਟੀ ਚੇਅਰਪਰਸਨਾਂ ਨੂੰ ਸਨਮਾਨਿਤ ਕੀਤਾ ਗਿਆ।

---------------------------------------------------------------

ਸੁਮਿਤ ਅੰਤਿਲ ਨੇ ਕੱਲ੍ਹ ਨਵੀਂ ਦਿੱਲੀ ਵਿੱਚ 2026 ਵਿਸ਼ਵ ਪੈਰਾ ਅਥਲੈਟਿਕਸ ਗ੍ਰਾਂ ਪ੍ਰੀ ਵਿੱਚ ਮਰਦਾਂ ਦੇ ਜੈਵਲਿਨ ਥ੍ਰੋਅ ਵਿੱਚ ਸੋਨ ਤਗਮਾ ਜਿੱਤਿਆ ਉਨ੍ਹਾਂ  69.25 ਮੀਟਰ ਜੈਵਲਿਨ ਸੁੱਟਿਆ। ਪੁਸ਼ਪੇਂਦਰ ਸਿੰਘ ਨੇ 56.91 ਮੀਟਰ ਦੇ ਥ੍ਰੋਅ ਨਾਲ ਚਾਂਦੀ ਦਾ ਤਗਮਾ , ਪੂਨਮ ਰਾਮ ਨੇ ਇਸੇ ਈਵੈਂਟ ਵਿੱਚ 49.48 ਮੀਟਰ ਦੇ ਥ੍ਰੋਅ ਨਾਲ ਕਾਂਸੀ ਦਾ ਤਗਮਾ ਜਿੱਤਿਆ।